**ਬਿਲਾਵਲੁ ਮਹਲਾ ੫ ॥ ਚਰਨ ਕਮਲ ਪ੍ਰਭ ਹਿਰਦੈ ਧਿਆਏ ॥ ਰੋਗ ਗਏ ਸਗਲੇ ਸੁਖ ਪਾਏ ॥ ੧॥ ਗੁਰਿ ਦੁਖੁ ਕਾਟਿਆ ਦੀਨੋ ਦਾਨੁ ॥ ਸਫਲ ਜਨਮੁ ਜੀਵਨ ਪਰਵਾਨੁ ॥ ੧॥ ਰਹਾਉ ॥ ਅਕਥ ਕਥਾ ਅੰਮ੍ਰਿਤ ਪ੍ਰਭ ਬਾਨੀ ॥ ਕਹੁ ਨਾਨਕ ਜਪਿ ਜੀਵੇ ਗਿਆਨੀ ॥੨॥੨॥੨੦॥** {ਪੰਨਾ 806}

ਪਦਅਰਥ:- ਚਰਨ ਕਮਲ—ਕੌਲ ਫੁੱਲ ਵਰਗੇ ਸੋਹਣੇ ਤੇ ਕੋਮਲ ਪੈਰ। ਹਿਰਦੈ—ਹਿਰਦੇ ਵਿਚ। ਸਗਲੇ—ਸਾਰੇ।1।

ਗੁਰਿ—ਗੁਰੂ ਨੇ। ਦਾਨੁ—(ਨਾਮ ਦੀ) ਦਾਤਿ। ਸਫਲ—ਕਾਮਯਾਬ। ਪਰਵਾਨੁ—(ਲੋਕ ਪਰਲੋਕ ਵਿਚ) ਕਬੂਲ।1। ਰਹਾਉ।

ਅਕਥ—ਉਹ ਪ੍ਰਭੂ ਜਿਸ ਦੇ ਸਾਰੇ ਗੁਣ ਬਿਆਨ ਨਾਹ ਕੀਤੇ ਜਾ ਸਕਣ। ਕਥਾ—ਸਿਫ਼ਤਿ-ਸਾਲਾਹ ਦੀਆਂ ਗੱਲਾਂ। ਅੰਮ੍ਰਿਤ—ਆਤਮਕ ਜੀਵਨ ਦੇਣ ਵਾਲੀ। ਬਾਨੀ—ਸਿਫ਼ਤਿ-ਸਾਲਾਹ ਦੀ ਬਾਣੀ। ਗਿਆਨੀ—ਗਿਆਨਵਾਨ, ਪ੍ਰਭੂ ਨਾਲ ਡੂੰਘੀ ਸਾਂਝ ਪਾਣ ਵਾਲਾ ਮਨੁੱਖ। ਗਿਆਨ—ਪਰਮਾਤਮਾ ਨਾਲ ਜਾਣ-ਪਛਾਣ। ਜੀਵੇ—ਆਤਮਕ ਜੀਵਨ ਹਾਸਲ ਕਰ ਲੈਂਦਾ ਹੈ।2।

ਅਰਥ:- ਹੇ ਭਾਈ! ਗੁਰੂ ਨੇ (ਜਿਸ ਮਨੁੱਖ ਨੂੰ ਪਰਮਾਤਮਾ ਦੇ ਨਾਮ ਦੀ) ਦਾਤਿ ਦੇ ਦਿੱਤੀ, ਉਸ ਦਾ ਸਾਰਾ ਦੁੱਖ ਭੀ ਗੁਰੂ ਨੇ ਦੂਰ ਕਰ ਦਿੱਤਾ। ਉਸ ਮਨੁੱਖ ਦੀ ਜ਼ਿੰਦਗੀ ਕਾਮਯਾਬ ਹੋ ਗਈ, (ਲੋਕ ਪਰਲੋਕ ਵਿਚ) ਉਸ ਦਾ ਜੀਵਨ ਕਬੂਲ ਹੋ ਗਿਆ।1। ਰਹਾਉ।

(ਹੇ ਭਾਈ! ਗੁਰੂ ਦੀ ਕਿਰਪਾ ਨਾਲ ਜਿਸ ਮਨੁੱਖ ਨੇ ਆਪਣੇ) ਹਿਰਦੇ ਵਿਚ ਪ੍ਰਭੂ ਦੇ ਸੋਹਣੇ ਚਰਨਾਂ ਦਾ ਧਿਆਨ ਧਰਨਾ ਸ਼ੁਰੂ ਕਰ ਦਿੱਤਾ, ਉਸ ਦੇ ਸਾਰੇ ਰੋਗ ਦੂਰ ਹੋ ਗਏ, ਉਸ ਨੇ ਸਾਰੇ ਸੁਖ ਪ੍ਰਾਪਤ ਕਰ ਲਏ।1।

ਹੇ ਨਾਨਕ! ਆਖ—ਬੇਅੰਤ ਗੁਣਾਂ ਦੇ ਮਾਲਕ ਪ੍ਰਭੂ ਦੀ ਸਿਫ਼ਤਿ-ਸਾਲਾਹ ਵਾਲੀ ਬਾਣੀ ਆਤਮਕ ਜੀਵਨ ਦੇਣ ਵਾਲੀ ਹੈ। ਪ੍ਰਭੂ ਨਾਲ ਡੂੰਘੀ ਜਾਣ-ਪਛਾਣ ਵਾਲਾ ਮਨੁੱਖ ਪ੍ਰਭੂ ਦੇ ਗੁਣਾਂ ਨੂੰ ਚੇਤੇ ਕਰ ਕਰ ਕੇ ਆਤਮਕ ਜੀਵਨ ਹਾਸਲ ਕਰ ਲੈਂਦਾ ਹੈ।2। 2। 20।